# ਪ੍ਰਸ਼ਨ-ਪੱਤਰ ਦੀ ਰੂਪ-ਰੇਖਾ

## ਸ਼੍ਰੇਣੀ:ਦਸਵੀਂ

## ਪੰਜਾਬੀ (ਵਾਧੂ ਵਿਸ਼ਾ)

## ਪੇਪਰ-ਏ

**ਸੈਸ਼ਨ:2023-24**

**ਸਮਾਂ:3 ਘੰਟੇ** **ਕੁੱਲ ਅੰਕ: 75**

**ਪਾਸ ਅੰਕ: 25**

**ਪੇਪਰ-ਸੈਟਰ ਲਈ ਵਿਸ਼ੇਸ਼ ਹਿਦਾਇਤਾਂ:-**

ਪ੍ਰਸ਼ਨ-1 : ਸੁੰਦਰ ਲਿਖਾਈ ਲਈ ਰਾਖਵਾਂ 5

ਪ੍ਰਸ਼ਨ-2 ਇਹ ਪ੍ਰਸ਼ਨ ਵਸਤੂਨਿਸ਼ਠ ਕਿਸਮ ਦਾ ਹੋਵੇਗਾ।

(ੳ) ਸਾਹਿਤ-ਮਾਲਾ: 10 ਪੁਸਤਕ ਦੇ ਨਿਰਧਾਰਿਤ ਕਾਵਿ-ਧਾਰਾਵਾਂ ਵਿੱਚੋਂ 2 ਪ੍ਰਸ਼ਨ ਅਤੇ ਵਾਰਤਕ ਭਾਗ ਵਿੱਚੋਂ 2 ਪ੍ਰਸ਼ਨ ਪੁੱਛੇ ਜਾਣਗੇ।

(ਅ) ਵੰਨਗੀ: 10 ਪੁਸਤਕ ਦੇ ਕਹਾਣੀ ਭਾਗ ਵਿੱਚੋਂ 2 ਪ੍ਰਸ਼ਨ ਅਤੇ ਇਕਾਂਗੀ ਭਾਗ ਵਿੱਚੋਂ 2 ਪ੍ਰਸ਼ਨ ਪੁੱਛੇ ਜਾਣਗੇ।

(ੲ) ਨਾਵਲ ਵਿੱਚੋਂ 2 ਪ੍ਰਸ਼ਨ ਪੁੱਛੇ ਜਾਣਗੇ।

(ਇਹ ਸਾਰੇ ਪ੍ਰਸ਼ਨ 1-1 ਨੰਬਰ ਦੇ ਹੋਣਗੇ) 10

ਪ੍ਰਸ਼ਨ-3 ਗੁਰਮਤਿ-ਕਾਵਿ, ਸੂਫ਼ੀ-ਕਾਵਿ, ਕਿੱਸਾ-ਕਾਵਿ ਅਤੇ ਬੀਰ-ਕਾਵਿ ਵਿੱਚੋਂ 4 ਕਾਵਿ-ਟੋਟੇ ਦੇ ਕੇ ਕਿਸੇ ਦੋ ਦੀ ਪ੍ਰਸੰਗ ਸਹਿਤ ਵਿਆਖਿਆ ਲਿਖਣ ਲਈ ਕਿਹਾ ਜਾਵੇਗਾ। ਪ੍ਰਸੰਗ ਦੇ 2 ਅੰਕ ਅਤੇ ਵਿਆਖਿਆ ਦੇ 4 ਅੰਕ ਹੋਣਗੇ। 6+6=12

ਪ੍ਰਸ਼ਨ-4 ਕੋਈ ਦੋ ਕਾਵਿ-ਰਚਨਾਵਾਂ ਦੇ ਕੇ ਕਿਸੇ ਇੱਕ ਦਾ ਕੇਂਦਰੀ-ਭਾਵ/ਸਾਰ (ਦੋਵੇਂ ਪੱਖਾਂ ਵਿੱਚੋਂ ਇੱਕ) ਲਗ-ਪਗ 40 ਸ਼ਬਦਾਂ ਵਿੱਚ ਲਿਖਣ ਲਈ ਕਿਹਾ ਜਾਵੇਗਾ। 4

ਪ੍ਰਸ਼ਨ-5 ਸਾਹਿਤ-ਮਾਲਾ 10 ਪਾਠ-ਪੁਸਤਕ ਦੇ ਲੇਖਾਂ ਵਿੱਚੋਂ ਦੋ ਲੇਖ ਦੇ ਕੇ ਉਹਨਾਂ ਵਿੱਚੋਂ ਕਿਸੇ ਇੱਕ ਲੇਖ ਦਾ ਸਾਰ ਲਗ-ਪਗ 150 ਸ਼ਬਦਾਂ ਵਿੱਚ ਲਿਖਣ ਲਈ ਕਿਹਾ ਜਾਵੇਗਾ। 6

ਪ੍ਰਸ਼ਨ-6 ਲੇਖਾਂ ਦੇ ਅੰਤ ਵਿੱਚ ਦਿੱਤੇ ਅਭਿਆਸਾਂ ਵਿੱਚੋਂ ਚਾਰ ਪ੍ਰਸ਼ਨ ਦੇ ਕੇ ਕੋਈ ਦੋ ਪ੍ਰਸ਼ਨਾਂ ਦਾ ਉੱਤਰ ਲਿਖਣ ਲਿਖਣ ਲਈ ਕਿਹਾ ਜਾਵੇਗਾ। 4+4=8

ਪ੍ਰਸ਼ਨ-7 ਵੰਨਗੀ: 10 ਪੁਸਤਕ ਵਿੱਚੋਂ ਕੋਈ ਦੋ ਕਹਾਣੀਆਂ ਦੇ ਕੇ ਕਿਸੇ ਇੱਕ ਦਾ ਸਾਰ ਲਗ-ਪਗ 150 ਸ਼ਬਦਾਂ ਵਿੱਚ ਲਿਖਣ ਲਈ ਕਿਹਾ ਜਾਵੇਗਾ। 6

ਪ੍ਰਸ਼ਨ-8 ਕਹਾਣੀਆਂ ਦੇ ਪਾਠ-ਅਭਿਆਸਾਂ ਵਿੱਚੋਂ ਚਾਰ ਪ੍ਰਸ਼ਨ ਦੇ ਕੇ ਕਿਸੇ ਦੋ ਦਾ ਉੱਤਰ ਲਿਖਣ ਲਈ ਕਿਹਾ ਜਾਵੇਗਾ। 3+3=6

ਪ੍ਰਸ਼ਨ-9 ਇਕਾਂਗੀਆਂ ਵਿੱਚੋਂ ਦੋ ਪਾਤਰ ਦੇ ਕੇ ਕਿਸੇ ਇੱਕ ਦਾ ਪਾਤਰ-ਚਿਤਰਨ ਲਗ-ਪਗ 125 ਸ਼ਬਦਾਂ ਵਿੱਚ ਲਿਖਣ ਲਈ ਕਿਹਾ ਜਾਵੇਗਾ। 5

ਪ੍ਰਸ਼ਨ-10 ਇਕਾਂਗੀਆਂ ਵਿੱਚੋਂ ਕੋਈ ਦੋ ਵਾਰਤਾਲਾਪ ਦੇ ਕੇ (ਵਿੱਚ ਜਾਂ ਪਾ ਕੇ) ਹੇਠਾਂ ਦਿੱਤੇ ਤਿੰਨ ਪ੍ਰਸ਼ਨਾਂ ਦੇ ਉੱਤਰ ਦੇਣ ਲਈ ਕਿਹਾ ਜਾਵੇਗਾ। ਤਿੰਨੇ ਪ੍ਰਸ਼ਨ ਇੱਕ-ਇੱਕ ਅੰਕ ਦੇ ਹੋਣਗੇ। 1+1+1=3

ਪ੍ਰਸ਼ਨ-11 ਨਾਵਲ ਵਿੱਚੋਂ ਕੋਈ ਤਿੰਨ ਪਾਤਰ ਦੇ ਕੇ ਕਿਸੇ ਇੱਕ ਦਾ ਪਾਤਰ ਚਿਤਰਨ ਲਗ-ਪਗ 150 ਸ਼ਬਦਾਂ ਵਿੱਚ ਲਿਖਣ ਲਈ ਕਿਹਾ ਜਾਵੇਗਾ। 5

ਪ੍ਰਸ਼ਨ-12 ਨਾਵਲ ਵਿੱਚੋਂ ਦੋ ਵਾਰਤਾਲਾਪ ਦੇ ਕੇ ਕਿਸੇ ਇੱਕ ਦੀ ਪ੍ਰਸੰਗ ਸਹਿਤ ਵਿਆਖਿਆ ਲਗ-ਪਗ 40 ਸ਼ਬਦਾਂ ਵਿੱਚ ਲਈ ਕਿਹਾ ਜਾਵੇਗਾ। ਪ੍ਰਸੰਗ ਦੇ 2 ਅੰਕ ਅਤੇ ਵਿਆਖਿਆ ਦੇ 3 ਅੰਕ ਹਨ। 2+3=5